1 SEPTEMBER 2020

# ਅੱਜ ਦਾ ਹੁਕਮਨਾਮਾ ਸਾਹਿਬ

## ਸ਼੍ਰੀ ਦਰਬਾਰ ਸਾਹਿਬ

ਰਾਗੁ ਧਨਾਸਰੀ - ਅੰਗ 692

ਰਾਮ ਸਿਮਰਿ ਰਾਮ ਸਿਮਰਿ ਰਾਮ ਸਿਮਰਿ ਭਾਈ ॥

ਰਾਮ ਨਾਮ ਸਿਮਰਨ ਬਿਨੁ ਬੂਡਤੇ ਅਧਿਕਾਈ ॥੧॥ ਰਹਾਉ ॥

ਬਨਿਤਾ ਸੁਤ ਦੇਹ ਗ੍ਰੇਹ ਸੰਪਤਿ ਸੁਖਦਾਈ ॥

ਇਨ੍ ਮੈ ਕਛੁ ਨਾਹਿ ਤੇਰੋ ਕਾਲ ਅਵਧ ਆਈ ॥੧॥

ਅਰਥ:

ਹੇ ਭਾਈ! ਪ੍ਰਭੂ ਦਾ ਸਿਮਰਨ ਕਰ, ਪ੍ਰਭੂ ਦਾ ਸਿਮਰਨ ਕਰ। ਸਦਾ ਰਾਮ ਦਾ ਸਿਮਰਨ ਕਰ। ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ ਬਹੁਤ ਜੀਵ (ਵਿਕਾਰਾਂ ਵਿਚ) ਡੁੱਬਦੇ ਹਨ ॥੧॥ ਰਹਾਉ ॥ ਵਹੁਟੀ, ਪੁੱਤਰ, ਸਰੀਰ, ਘਰ, ਦੌਲਤ-ਇਹ ਸਾਰੇ

ਸੁਖ ਦੇਣ ਵਾਲੇ ਜਾਪਦੇ ਹਨ,

ਪਰ ਜਦੋਂ ਮੌਤ-ਰੂਪ ਤੇਰਾ ਅਖ਼ੀਰਲਾ ਸਮਾ ਆਇਆ, ਤਾਂ ਇਹਨਾਂ ਵਿਚੋਂ ਕੋਈ ਭੀ ਤੇਰਾ ਆਪਣਾ ਨਹੀਂ ਰਹਿ ਜਾਇਗਾ ॥੧॥ ਅਜਾਮਲ, ਗਜ, ਗਨਿਕਾ-ਇਹ ਵਿਕਾਰ ਕਰਦੇ ਰਹੇ,

ਪਰ ਜਦੋਂ ਪਰਮਾਤਮਾ ਦਾ ਨਾਮ ਇਹਨਾਂ ਨੇ ਸਿਮਰਿਆ, ਤਾਂ ਇਹ ਭੀ (ਇਹਨਾਂ ਵਿਕਾਰਾਂ ਵਿਚੋਂ) ਪਾਰ ਲੰਘ ਗਏ ॥੨॥

JAPOSATNAM.COM